# ਵਰਲਡ ਪੰਜਾਬੀ ਟਾਈਮਜ਼
# WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ ਸਹਿ ਸੰਪਾਦਕ: ਨਵਜੋਤ ਬਿਲਿੰਗ ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ




## ਵਿਸ਼ਵ ਪੰਜਾਬੀ ਸਭਾ ਐਡਮਿੰਟਨ ਵੱਲੋਂ ਪ੍ਰਸਿੱਧ ਸਮਾਚਾਰ ਵਾਚਕ ਅਰਵਿੰਦਰ ਭੱਟੀ ਦਾ ਸਨਮਾਨ

ਵਰਲਡ ਪੰਜਾਬੀ ਟਾਈਮਜ਼ – ਬਲਵਿੰਦਰ ਬਾਲਮ



ਕਨੇਡਾ 6 ਅਗਸਤ : ਐਡਮਿੰਟਨ (ਕਨੇਡਾ) ਦੇ ਪ੍ਰਸਿੱਧ ਸਥਾਨ ਸੀਨੀਅਰ ਸਿਟੀਜਨ ਕਲਚਰਲ ਸੋਸਾਇਟੀ ਮਿਲਵੁੱਡ ਵਿਖੇ ਵਿਸ਼ਵ ਪੰਜਾਬੀ ਸਭਾ ਕਨੇਡਾ ਦੇ ਚੇਅਰਮੈਨ ਡਾਕਟਰ ਦਲਬੀਰ ਸਿੰਘ ਕਥੂਰੀਆ ਦੀ ਰਹਿਨੁਮਾਈ ਹੇਠ ਵਿਸ਼ਵ ਪੰਜਾਬੀ ਸਭਾ ਐਡਮਿੰਟਨ ਵੱਲੋਂ ਇੱਕ ਸ਼ਾਨਦਾਰ ਸਮਾਗਮ ਅਤੇ ਕਵੀ ਦਰਬਾਰ ਕਰਵਾਇਆ ਗਿਆ। ਸਭਾ ਦੇ ਪ੍ਰਧਾਨ ਦਲਬੀਰ ਸਿੰਘ ਰਿਆੜ ਨੇ ਸਭਾ ਦੇ ਉਦੇਸ਼ ਅਤੇ ਕੀਤੇ ਜਾਣ ਵਾਲੇ ਮੁੱਖ ਕੰਮਾਂ ਤੇ ਚਾਨਣਾ ਪਾਇਆ। ਇਸ ਸਮਾਗਮ ਦੇ ਮੁੱਖ ਮਹਿਮਾਨ ਪ੍ਰਸਿੱਧ ਸਮਾਚਾਰ ਵਾਚਕ, ਅਭਿਨੈਕਾਰ, ਸੰਚਾਲਕ ਅਤੇ ਐਕਟਰ ਅਰਵਿੰਦਰ ਸਿੰਘ ਭੱਟੀ ਦੀਆਂ ਸਮੂਹਿਕ ਪ੍ਰਾਪਤੀਆਂ ਨੂੰ ਮੱਦੇ ਨਜ਼ਰ ਰੱਖਦੇ ਹੋਏ ਸਨਮਾਨਿਤ ਕੀਤਾ ਗਿਆ। ਇਸ ਦੇ ਨਾਲ ਹੀ ਵਿਸ਼ੇਸ਼ ਤੌਰ ਤੇ ਪਹੁੰਚੇ ਮੈਂਬਰ ਪਾਰਲੀਮੈਂਟ ਐਡਮਿੰਟਨ ਸਰਦਾਰ ਜਗਸ਼ਰਨ ਸਿੰਘ ਮਾਹਲ ਨੂੰ ਵੀ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਤੇ ਗਲੋਬਲ ਦੇਸੀ ਟੀਵੀ ਦੇ ਸੂਤਰਧਾਰ ਮਨਜੀਤ ਸਿੰਘ ਫੇਰੂਮਾਨ ਪ੍ਰਾਈਮ ਏਸ਼ੀਆ ਤੋਂ ਮਨਦੀਪ ਪੁਜਾਰਾ ਅਤੇ ਵੀ ਟੀਵੀ ਤੋਂ ਗੁਰਜੀਤ ਸਿੰਘ ਅਤੇ ਪ੍ਰੋਫੈਸਰ ਅਸ਼ੋਕ ਕੁਮਾਰ ਨੇ ਪੰਜਾਬੀ ਮਾਂ ਬੋਲੀ ਅਤੇ ਨੀਤੀਆਂ ਦੀ ਵਰਤਮਾਨ ਭੂਮਿਕਾ ਬਾਰੇ ਵਿਚਾਰ ਰੱਖੇ।

ਕਵੀ ਦਰਬਾਰ ਵਿੱਚ ਦਲਬੀਰ ਸਿੰਘ ਰਿਆੜ, ਬਲਵਿੰਦਰ ਬਾਲਮ, ਨਰਿੰਦਰ ਜੌਹਲ, ਬੀਬੀ ਜਰਨੈਲ ਕੌਰ, ਅੰਮ੍ਰਿਤ ਪਾਲ ਸਿੰਘ ਅੰਮ੍ਰਿਤ, ਕਰਨੈਲ ਸਿੰਘ, ਸੰਨੀ ਧਾਲੀਵਾਲ, ਤਜਿੰਦਰ ਪਾਲ ਸਿੰਘ ਰਿਆੜ, ਪਵਿੱਤਰ ਸਿੰਘ ਧਾਲੀਵਾਲ, ਨਰਿੰਦਰ ਚਾਹਲ, ਅਮਰਜੀਤ ਵਿਰਦੀ, ਸਤਨਾਮ ਸਿੰਘ ਗਾਹਲੇ, ਮਾਸਟਰ ਅਜੀਤ ਖੰਗੂੜਾ, ਕਾਰਜ ਸਿੰਘ, ਕਿਸ਼ਨ ਜੌਹਲ, ਮਹਿੰਦਰ ਸਿੰਘ ਰਤੀਆ, ਮੈਨੇਜਰ ਨਰਿੰਦਰ ਸਿੰਘ, ਸੁਖਦੇਵ ਸਿੰਘ, ਪਾਰਸ ਮਹੀਨੀਆਂ, ਕਸ਼ਮੀਰਾ ਸਿੰਘ, ਸੁਖਦੇਵ ਸਿੰਘ ਬੈਨੀਪਾਲ, ਪ੍ਰਦੁਮਣ ਸਿੰਘ ਆਦਿ ਨੇ ਕਾਵਿ ਰਚਨਾਵਾਂ ਸੁਣਾ ਕੇ ਖੂਬ ਰੰਗ ਬੰਨਿਆ। ਆਏ ਹੋਏ ਬਹੁਤ ਸਾਰੇ ਸਰੋਤਿਆਂ ਨੇ ਇਸ ਸਮਾਗਮ ਦਾ ਖੂਬ ਅਨੰਦ ਮਾਣਿਆਂ। ਸਭਾ ਦੇ ਪ੍ਰਧਾਨ ਦਲਬੀਰ ਸਿੰਘ ਰਿਆੜ ਨੇ ਆਏ ਸਭ ਸਰੋਤਿਆਂ ਦਾ ਧੰਨਵਾਦ ਕੀਤਾ ਅਤੇ ਭਵਿੱਖ ਵਿੱਚ ਹੋਰ ਸੁਚਾਰੂ ਢੰਗ ਨਾਲ ਪੰਜਾਬੀ ਮਾਂ ਬੋਲੀ ਦੀ ਸੇਵਾ ਕਰਨ ਦਾ ਵਚਨ ਲਿਆ। ਮੰਚ ਸੰਚਾਲਨ ਦੀ ਭੂਮਿਕਾ ਬਲਵਿੰਦਰ ਬਾਲਮ ਨੇ ਬਾਖੂਬੀ ਨਿਭਾਈ। ਇਹ ਇੱਕ ਯਾਦਗਾਰੀ ਸਮਾਗਮ ਰਿਹਾ।

## ਜਗਤ ਪੰਜਾਬੀ ਸਭਾ ਟੋਰਾਂਟੋ ਵੱਲੋਂ 'ਗੀਤ, ਗ਼ਜ਼ਲ, ਸ਼ਾਇਰੀ' ਸਮਾਗਮ 16 ਅਗਸਤ ਨੂੰ ਹੋਵੇਗਾ

### ਮੁੱਖ ਮਹਿਮਾਨ ਸ੍ਰੀ ਬਾਲ ਮੁਕੰਦ ਸ਼ਰਮਾ ਹੋਣਗੇ

ਵਰਲਡ ਪੰਜਾਬੀ ਟਾਈਮਜ਼ – ਹਰਦੇਵ ਚੌਹਾਨ




ਟੋਰਾਂਟੋ, 6 ਅਗਸਤ : ਜਗਤ ਪੰਜਾਬੀ ਸਭਾ ਟੋਰਾਂਟੋ ਵੱਲੋਂ ਪੰਜਾਬੀ ਭਾਸ਼ਾ, ਸਾਹਿਤ ਅਤੇ ਸੱਭਿਆਚਾਰ ਦੇ ਪ੍ਰਚਾਰ-ਪ੍ਰਸਾਰ ਲਈ ਕਰਵਾਇਆ ਜਾਣ ਵਾਲਾ ਮਹੀਨਾਵਾਰੀ ਸਾਹਿਤਕ ਸਮਾਗਮ 'ਗੀਤ, ਗ਼ਜ਼ਲ, ਸ਼ਾਇਰੀ' ਇਸ ਵਾਰ ਐਤਵਾਰ, 16 ਅਗਸਤ 2026 ਨੂੰ ਦੁਪਹਿਰ 1:30 ਵਜੇ ਤੋਂ 4:30 ਵਜੇ ਤੱਕ 134 ਕੈਨੇਡੀ ਰੋਡ, ਟੋਰਾਂਟੋ (ਕੈਨੇਡਾ) ਵਿਖੇ ਕਰਵਾਇਆ ਜਾਵੇਗਾ।

ਜਗਤ ਪੰਜਾਬੀ ਸਭਾ ਟੋਰਾਂਟੋ ਦੇ ਚੇਅਰਮੈਨ ਅਜੈਬ ਸਿੰਘ ਚੱਠਾ ਨੇ ਦੱਸਿਆ ਕਿ ਇਸ ਵਾਰ ਦੇ ਸਮਾਗਮ ਦੇ ਮੁੱਖ ਮਹਿਮਾਨ ਸ੍ਰੀ ਬਾਲ ਮੁਕੰਦ ਸ਼ਰਮਾ ਜੀ ਹੋਣਗੇ। ਉਨ੍ਹਾਂ ਦੀ ਹਾਜ਼ਰੀ ਸਮਾਗਮ ਨੂੰ ਵਿਸ਼ੇਸ਼ ਬਣਾਏਗੀ।

ਸਮਾਗਮ ਵਿੱਚ ਪ੍ਰਸਿੱਧ ਕਵੀਆਂ, ਸ਼ਾਇਰਾਂ, ਗਾਇਕਾਂ ਅਤੇ ਸਾਹਿਤ ਪ੍ਰੇਮੀਆਂ ਵੱਲੋਂ ਗੀਤ, ਗ਼ਜ਼ਲਾਂ, ਕਵਿਤਾਵਾਂ ਅਤੇ ਸ਼ਾਇਰੀ ਦੀ ਪੇਸ਼ਕਾਰੀ ਕੀਤੀ ਜਾਵੇਗੀ, ਜਿਸ ਨਾਲ ਪੰਜਾਬੀ ਸਾਹਿਤ ਅਤੇ ਸੱਭਿਆਚਾਰ ਦੀ ਖੂਬਸੂਰਤੀ ਦਾ ਰੰਗ ਬਿਖਰੇਗਾ।

ਸਭਾ ਪ੍ਰਧਾਨ ਸਰਦੂਲ ਸਿੰਘ ਥਿਆੜਾ ਅਤੇ ਕੋਆਰਡੀਨੇਟਰ ਜਸਪਾਲ ਸਿੰਘ ਦੇਸੁਵੀ ਨੇ ਸਮੂਹ ਪੰਜਾਬੀ ਭਾਈਚਾਰੇ, ਸਾਹਿਤਕਾਰਾਂ, ਕਲਾਕਾਰਾਂ ਅਤੇ ਸੰਗੀਤ ਪ੍ਰੇਮੀਆਂ ਨੂੰ ਇਸ ਸਾਹਿਤਕ ਮਹਿਫ਼ਲ ਵਿੱਚ ਪਰਿਵਾਰ ਸਮੇਤ ਸ਼ਾਮਲ ਹੋਣ ਦਾ ਨਿੱਘਾ ਸੱਦਾ ਦਿੱਤਾ ਹੈ।

ਅਹੁਦੇਦਾਰਾਂ ਨੇ ਕਿਹਾ ਕਿ ਅਜਿਹੇ ਸਮਾਗਮ ਪੰਜਾਬੀ ਭਾਸ਼ਾ ਅਤੇ ਸਾਹਿਤ ਨੂੰ ਨਵੀਂ ਪੀੜ੍ਹੀ ਨਾਲ ਜੋੜਨ ਦੇ ਨਾਲ-ਨਾਲ ਭਾਈਚਾਰੇ ਵਿੱਚ ਆਪਸੀ ਸਾਂਝ, ਪਿਆਰ ਅਤੇ ਸੱਭਿਆਚਾਰਕ ਏਕਤਾ ਨੂੰ ਹੋਰ ਮਜ਼ਬੂਤ ਕਰਦੇ ਹਨ। ਉਨ੍ਹਾਂ ਨੇ ਸਮੂਹ ਪੰਜਾਬੀ ਭਾਈਚਾਰੇ ਨੂੰ ਸਮੇਂ ਸਿਰ ਪਹੁੰਚ ਕੇ ਇਸ ਸਾਹਿਤਕ ਸਮਾਗਮ ਨੂੰ ਸਫ਼ਲ ਬਣਾਉਣ ਦੀ ਅਪੀਲ ਕੀਤੀ ਹੈ।

## ਏ ਡੀ ਸੀ ਅਨੁਪ੍ਰਿਤਾ ਜੋਹਲ ਨੇ ਆਜ਼ਾਦੀ ਘੁਲਾਟੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀਆਂ ਭਲਾਈ ਸਕੀਮਾਂ ਦਾ ਜਾਇਜ਼ਾ ਲਿਆ

### 15 ਅਗਸਤ ਨੂੰ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਸੁਤੰਤਰਤਾ ਸੰਗਰਾਮੀ ਪਰਿਵਾਰਾਂ ਦਾ ਕੀਤਾ ਜਾਵੇਗਾ ਵਿਸ਼ੇਸ਼ ਸਨਮਾਨ – ਏਡੀਸੀ

ਵਰਲਡ ਪੰਜਾਬੀ ਟਾਈਮਜ਼



ਪਟਿਆਲਾ 6 ਅਗਸਤ:- ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਦੇਸ਼ ਦੀ ਆਜ਼ਾਦੀ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਮਹਾਨ ਦੇਸ਼ ਭਗਤਾਂ ਆਜ਼ਾਦੀ ਘੁਲਾਟੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਲਈ ਕੰਮ ਕਰ ਰਹੀ ਸੁਤੰਤਰਤਾ ਸੰਗਰਾਮੀ ਉਤਰਾਧਿਕਾਰੀ ਐਸੋਸੀਏਸ਼ਨ ਪੰਜਾਬ ਰਜਿ 234 ਦੀ ਮੰਗ ਤੇ ਆਜ਼ਾਦੀ ਘੁਲਾਟੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਲਈ ਵਿਸ਼ੇਸ਼ ਮੀਟਿੰਗ ਦਾ ਆਯੋਜਨ ਕੀਤਾ ਗਿਆ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵਧੀਕ ਡਿਪਟੀ ਕਮਿਸ਼ਨਰ ਅਨੁਪ੍ਰਿਤਾ ਜੋਹਲ ਅਤੇ ਸਹਾਇਕ ਕਮਿਸ਼ਨਰ ਜਨਰਲ ਹਰਜੋਤ ਕੋਰ ਮਾਵੀ ਨੇ ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਸੁਤੰਤਰਤਾ ਸੰਗਰਾਮੀ ਪਰਿਵਾਰਾਂ ਦੀਆਂ ਸਨਮਾਨ ਸਹੂਲਤਾਂ ਨੂੰ ਜ਼ਮੀਨੀ ਪੱਧਰ ਤੇ ਲਾਗੂ ਕਰਨ ਦੀਆਂ ਹਦਾਇਤਾਂ ਜਾਰੀ ਕੀਤੀਆਂ। ਸੁਤੰਤਰਤਾ ਸੰਗਰਾਮੀ ਪਰਿਵਾਰਾਂ ਵਲੋਂ ਦਿੱਤਿਆਂ ਦਰਖਾਸਤਾਂ ਸਬੰਧੀ ਕਾਰਵਾਈ ਰਿਪੋਰਟ ਨੂੰ ਸਮਾਂਬੱਧ ਹੱਲ ਕਰਨ ਅਤੇ ਸਰਕਾਰੀ ਵਿਭਾਗਾਂ ਵਿੱਚ ਸੁਤੰਤਰਤਾ ਸੰਗਰਾਮੀ ਪਰਿਵਾਰਾਂ ਦੇ ਮਾਣ ਸਨਮਾਨ ਨੂੰ ਯਕੀਨੀ ਬਣਾਉਣ ਲਈ ਦਿਸ਼ਾ ਨਿਰਦੇਸ਼ ਜਾਰੀ ਕੀਤੇ ਗਏ। ਸੁਤੰਤਰਤਾ ਸੰਗਰਾਮੀ ਉਤਰਾਧਿਕਾਰੀ ਐਸੋਸੀਏਸ਼ਨ ਪੰਜਾਬ ਰਜਿ 234 ਦੇ ਸੂਬਾ ਜਨਰਲ ਸਕੱਤਰ ਇੰਦਰਪਾਲ ਸਿੰਘ ਧਾਲੀਵਾਲ ਸੋਨੀ, ਜ਼ਿਲ੍ਹਾ ਪ੍ਰਧਾਨ ਅਮਰਪ੍ਰੀਤ ਸਿੰਘ ਬੋਬੀ, ਸੂਬਾ ਆਗੂ ਮਨਜੀਤ ਸਿੰਘ ਵਿਰਕ ਨੇ ਮੀਟਿੰਗ ਦੋਰਾਨ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਆਜ਼ਾਦੀ ਘੁਲਾਟੀਆਂ ਦੀ ਚੋਥੀ ਪੀੜ੍ਹੀ ਨੂੰ ਕਾਨੂੰਨੀ ਮਾਨਤਾ ਦਿਵਾਉਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਜਲਦ ਮੀਟਿੰਗ ਕਰਵਾਈ ਜਾਵੇ। ਆਗੂਆਂ ਨੇ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਵੱਖ ਵੱਖ ਸਰਕਾਰੀ ਸਕੂਲਾਂ, ਸੜਕਾਂ ਦੇ ਨਾਂਮ ਆਜ਼ਾਦੀ ਘੁਲਾਟੀਆਂ ਦੇ ਨਾਂਮ ਤੇ ਰੱਖਣ ਦੀ ਪ੍ਰਕਿਰਿਆ ਨੂੰ ਅਮਲੀ ਜਾਮਾ ਪਹਿਨਾਉਣ ਦੀ ਮੰਗ ਕੀਤੀ। ਜਥੇਬੰਦੀ ਵੱਲੋਂ ਜ਼ਿਲ੍ਹਾ ਪਟਿਆਲਾ ਅਧੀਨ ਆਉਂਦੇ ਸੁਤੰਤਰਤਾ ਸੰਗਰਾਮੀ ਸਕੂਲਾਂ, ਮਾਰਗਾਂ ਦੇ ਸੁੰਦਰੀਕਰਨ ਲਈ ਆਵਾਜ਼ ਬੁਲੰਦ ਕੀਤੀ। ਨਗਰ ਨਿਗਮ ਵਲੋਂ ਪਾਸ ਕੀਤੇ ਮਤੇ ਅਨੁਸਾਰ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਮਾਡਲ ਟਾਊਨ ਦਾ ਨਾਮ ਫਰੀਡਮ ਫਾਈਟਰ ਤੇਜ਼ਾ ਸਿੰਘ ਗਿੱਲ ਦੇ ਨਾਂਮ ਤੇ ਰੱਖਣ ਸਬੰਧੀ ਕਾਰਵਾਈ ਨੂੰ ਪੂਰਾ ਕਰਨ ਦੀ ਅਪੀਲ ਕੀਤੀ ਗਈ।

ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਆਜ਼ਾਦੀ ਘੁਲਾਟੀਆਂ ਵਲੋਂ ਦੇਸ਼ ਦੀ ਅਜ਼ਾਦੀ ਲਈ ਪਾਏ ਯੋਗਦਾਨ ਸਦਕਾ ਹੀ ਅਸੀਂ ਸਾਰੇ ਆਜ਼ਾਦੀ ਦਾ ਨਿੱਘ ਮਾਣ ਰਹੇ ਹਾਂ। ਉਨ੍ਹਾਂ ਕਿਹਾ ਕਿ 15 ਅਗਸਤ ਮੋਕੇ ਆਜ਼ਾਦੀ ਘੁਲਾਟੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਦਾ ਵਿਸ਼ੇਸ਼ ਸਨਮਾਨ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੀਤਾ ਜਾਵੇਗਾ। ਸੁਤੰਤਰਤਾ ਸੰਗਰਾਮੀ ਪਰਿਵਾਰਾਂ ਦੀ ਭਲਾਈ ਲਈ ਹਰ ਮਹੀਨੇ ਮੀਟਿੰਗ ਕਰਵਾਉਣ ਦਾ ਉਪਰਾਲਾ ਕੀਤਾ ਜਾਵੇਗਾ।ਵਧੀਕ ਡਿਪਟੀ ਕਮਿਸ਼ਨਰ ਨੇ ਮੀਟਿੰਗ ਵਿੱਚ ਸ਼ਾਮਲ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਰਕਾਰ ਦੇ ਹੁਕਮਾਂ ਦੀ ਪਾਲਣਾ ਕਰਦਿਆਂ ਆਜ਼ਾਦੀ ਘੁਲਾਟੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੇ ਕੰਮ ਪਹਿਲ ਦੇ ਆਧਾਰ ਤੇ ਹੱਲ ਕੀਤੇ ਜਾਣ। ਸਰਕਾਰ ਵੱਲੋਂ ਆਜ਼ਾਦੀ ਘੁਲਾਟੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਲਈ ਜਾਰੀ ਭਲਾਈ ਸਕੀਮਾਂ ਨੂੰ ਹਰ ਵਿਭਾਗ ਵੱਲੋਂ ਲਾਗੂ ਕੀਤਾ ਜਾਵੇ। ਉਨ੍ਹਾਂ ਮੀਟਿੰਗ ਵਿੱਚ ਸ਼ਾਮਲ ਸੁਤੰਤਰਤਾ ਸੰਗਰਾਮੀ ਪਰਿਵਾਰਾਂ ਨੂੰ 15 ਅਗਸਤ ਨੂੰ ਹੋਣ ਵਾਲੇ ਜ਼ਿਲ੍ਹਾ ਪੱਧਰੀ ਸਮਾਗਮਾਂ ਦੋਰਾਨ ਪੋਲੋ ਗਰਾਊਂਡ ਸ਼ਾਮਲ ਹੋਣ ਦਾ ਸੱਦਾ ਦਿੱਤਾ। ਅੱਜ ਦੀ ਇਕੱਤਰਤਾ ਦੌਰਾਨ ਐਮ ਏ ਬ੍ਰਾਂਚ ਅਧਿਕਾਰੀ ਰਘੁਬੀਰ ਸਿੰਘ, ਵਿਕਰਮ, ਸਤਪਾਲ ਕੌਰ ਸੋਹੀ, ਪਰਦੁਮਨ ਸਿੰਘ ਢੀਂਡਸਾ, ਹਰਨੇਕ ਸਿੰਘ ਭੁੱਲਰ, ਮਨਜੀਤ ਸਿੰਘ ਵਿਰਕ,ਜ਼ਿਲ੍ਹਾ ਪ੍ਰਧਾਨ ਅਮਰਪ੍ਰੀਤ ਸਿੰਘ ਬੋਬੀ, ਹਰਦਿਆਲ ਸਿੰਘ, ਭੁਪਿੰਦਰ ਸਿੰਘ ਡਕੌਂਦਾ, ਦਫ਼ਤਰ ਇੰਚਾਰਜ ਕਮਲਦੀਪ ਸਿੰਘ ਗਿੱਲ, ਇੰਦਰਪਾਲ ਸਿੰਘ ਧਾਲੀਵਾਲ ਸੋਨੀ ਸੂਬਾ ਜਨਰਲ ਸਕੱਤਰ, ਜਤਿੰਦਰ ਸਿੰਘ ਕੋਲੀ, ਸੁਖਵਿੰਦਰ ਕੌਰ,ਗੁਰਚਰਨ ਸਿੰਘ ਮਕਬੂਲਪੁਰ, ਅਜੇ ਖੰਨਾ, ਗੁਰਇਕਬਾਲ ਸਿੰਘ ਸੰਧੂ, ਪ੍ਰੀਤਮ ਸਿੰਘ ਮਾਨ, ਪ੍ਰਭਜੀਤ ਸਿੰਘ, ਧਰਮਿੰਦਰ ਦਾਸ, ਰਾਜਿੰਦਰ ਵਡੇਰਾ, ਹਰਜੀਤ ਸਿੰਘ, ਰਬਿੰਦਰ ਸਿੰਘ,ਵਣ ਸਿੰਘ , ਇੰਦਰਪਾਲ ਵਿਰਕ ਆਦਿ ਸੁਤੰਤਰਤਾ ਸੰਗਰਾਮੀ ਉਤਰਾਧਿਕਾਰੀ ਸ਼ਾਮਲ ਹੋਏ। ਫੋਟੋ ਕੈਪਸਨ:- ਉਪਰ -ਸੁਤੰਤਰਤਾ ਸੰਗਰਾਮੀ ਪਰਿਵਾਰਾਂ ਦੀ ਭਲਾਈ ਲਈ ਮਹੀਨੇਵਾਰ ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਅਨੁਪ੍ਰਿਤਾ ਜੋਹਲ, ਸਹਾਇਕ ਕਮਿਸ਼ਨਰ ਜਨਰਲ ਹਰਜੋਤ ਕੌਰ ਮਾਵੀ, ਨੀਚੇ ਤਸਵੀਰ ਦੋਰਾਨ ਇਕੱਤਰ ਆਜ਼ਾਦੀ ਘੁਲਾਟੀਆਂ ਦੇ ਵਾਰਸ।

## ਪ੍ਰੋ. ਮੋਹਨ ਸਿੰਘ ਮੈਮੋਰੀਅਲ ਫਾਊਂਡੇਸ਼ਨ ਕੈਨੇਡਾ ਵੱਲੋਂ ਸਰੀ ਵਿਚ 30ਵਾਂ 'ਮੇਲਾ ਗ਼ਦਰੀ ਬਾਬਿਆਂ ਦਾ'ਸ਼ਾਨੋ-ਸ਼ੌਕਤ ਅਤੇ ਉਤਸ਼ਾਹ ਨਾਲ ਮਨਾਇਆ ਗਿਆ

ਵਰਲਡ ਪੰਜਾਬੀ ਟਾਈਮਜ਼ – ਹਰਦਮ ਮਾਨ



ਸਰੀ, 6 ਅਗਸਤ : ਭਾਰਤ ਦੀ ਆਜ਼ਾਦੀ ਦੇ ਮਹਾਨ ਸੰਘਰਸ਼ ਅਤੇ ਵਿਦੇਸ਼ਾਂ ਵਿੱਚ ਪੰਜਾਬੀਆਂ ਦੇ ਹੱਕਾਂ ਲਈ ਆਪਣੀਆਂ ਜਾਨਾਂ ਨਿਛਾਵਰ ਕਰਨ ਵਾਲੇ ਗ਼ਦਰੀ ਬਾਬਿਆਂ ਦੀ ਅਦੁੱਤੀ ਕੁਰਬਾਨੀ ਨੂੰ ਨਮਨ ਕਰਦਿਆਂ ਪ੍ਰੋ. ਮੋਹਨ ਸਿੰਘ ਮੈਮੋਰੀਅਲ ਫਾਊਂਡੇਸ਼ਨ ਕੈਨੇਡਾ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਕੌਮਾਂਤਰੀ ਪੱਧਰ ਦਾ 30ਵਾਂ 'ਮੇਲਾ ਗ਼ਦਰੀ ਬਾਬਿਆਂ ਦਾ' ਸਰੀ ਦੇ ਬੇਅਰ ਕਰੀਕ ਪਾਰਕ ਵਿੱਚ ਬੜੀ ਸ਼ਾਨੋ-ਸ਼ੌਕਤ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਹਜ਼ਾਰਾਂ ਦੀ ਗਿਣਤੀ ਵਿੱਚ ਪਹੁੰਚੇ ਲੋਕਾਂ ਦੀ ਭਰਵੀਂ ਹਾਜਰੀ ਨੇ ਇਹ ਸਾਬਤ ਕਰ ਦਿੱਤਾ ਕਿ ਗ਼ਦਰੀ ਬਾਬਿਆਂ ਦੀ ਸੋਚ ਅਤੇ ਸ਼ਹਾਦਤ ਅੱਜ ਵੀ ਪੰਜਾਬੀ ਭਾਈਚਾਰੇ ਦੇ ਦਿਲਾਂ ਵਿੱਚ ਜ਼ਿੰਦਾ ਹੈ।

ਵਿਸ਼ਾਲ ਮੈਦਾਨ ਵਿੱਚ ਸਜਾਏ ਗਏ ਮੰਚ ਤੋਂ ਲੋਕ ਗਾਇਕ ਸੁਖਵਿੰਦਰ ਸੁੱਖੀ, ਗੋਰਾ ਚੱਕ ਵਾਲਾ, ਗੁਰਵਿੰਦਰ ਬਰਾੜ, ਮਨਜੋਤ ਢਿੱਲੋਂ, ਪ੍ਰੀਆ ਨਿੱਝਰ, ਲਾਡੀ ਪੁਆਧੀ, ਗੋਪੀ ਬਰਾੜ, ਅਨਮੋਲ ਵਿਰਕ, ਰਿਦਮ ਸ਼ਰਮਾ, ਈਸ਼ਾਨ ਸ਼ਰਮਾ, ਫਤਿਹਦੀਪ ਸਿੰਘ, ਦੋਗਾਣਾ ਜੋੜੀ ਲੱਖਾ–ਨਾਜ ਅਤੇ ਅਨਮੋਲ ਰਤਨ ਭੰਗੜਾ ਗਰੁੱਪ ਨੇ ਆਪਣੀਆਂ ਦਿਲਕਸ਼ ਪੇਸ਼ਕਾਰੀਆਂ ਨਾਲ ਦਰਸ਼ਕਾਂ ਦਾ ਖੂਬ ਮਨੋਰੰਜਨ ਕੀਤਾ। ਗੁਰਦੀਪ ਭੁੱਲਰ ਦੀ ਕੋਰੀਓਗ੍ਰਾਫੀ ਨੇ ਵੀ ਖੂਬ ਵਾਹ-ਵਾਹ ਖੱਟੀ ਅਤੇ ਸਰੀ ਦੀਆਂ ਪੰਜਾਬਣਾਂ ਵੱਲੋਂ ਪੇਸ਼ ਕੀਤਾ ਗਿਆ ਗਿੱਧਾ ਪੰਜਾਬ ਦੇ ਪੇਂਡੂ ਵਿਰਸੇ ਦੀ ਸੁੰਦਰ ਝਲਕ ਬਣਿਆ। ਸ਼ਾਮ ਤੱਕ ਚੱਲੇ ਇਸ ਮੇਲੇ ਦੌਰਾਨ ਨੌਜਵਾਨਾਂ, ਬਜ਼ੁਰਗਾਂ, ਔਰਤਾਂ ਸਭ ਨੇ ਖੁੱਲ੍ਹ ਕੇ ਸੰਗੀਤ ਦੀਆਂ ਸੁਰਾਂ ਦਾ ਆਨੰਦ ਮਾਣਿਆ।

ਦੇਸ਼ ਭਗਤ ਯਾਦਗਾਰ ਹਾਲ ਕਮੇਟੀ ਜਲੰਧਰ ਦੇ ਸੀਨੀਅਰ ਮੈਂਬਰ ਕਾਮਰੇਡ ਚਿਰੰਜੀ ਲਾਲ ਨੇ ਆਪਣੇ ਸੰਬੋਧਨ ਵਿੱਚ ਗ਼ਦਰੀ ਬਾਬਿਆਂ ਦੀਆਂ ਅਮਰ ਕੁਰਬਾਨੀਆਂ ਨੂੰ ਯਾਦ ਕਰਦਿਆਂ ਕਿਹਾ ਕਿ ਪਰਵਾਸੀ ਪੰਜਾਬੀਆਂ ਵੱਲੋਂ ਇਤਿਹਾਸਕ ਵਿਰਾਸਤ ਨੂੰ ਇਸ ਤਰ੍ਹਾਂ ਸੰਭਾਲਣਾ ਆਉਣ ਵਾਲੀਆਂ ਪੀੜ੍ਹੀਆਂ ਲਈ ਪ੍ਰੇਰਨਾ ਦਾ ਸਰੋਤ ਹੈ। ਉਨ੍ਹਾਂ ਨੇ ਮੇਲੇ ਦੇ ਪ੍ਰਬੰਧਕਾਂ ਨੂੰ ਵਧਾਈ ਦਿੰਦਿਆਂ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ। ਸਰੀ ਦੀ ਮੇਅਰ ਬਰੈਂਡਾ ਲੌਕ, ਸਾਬਕਾ ਮੇਅਰ ਡੱਗ ਮੈਕੱਲਮ, ਐਮ.ਪੀ. ਸੁਖ ਧਾਲੀਵਾਲ, ਮੰਤਰੀ ਜਗਰੂਪ ਬਰਾੜ, ਡਾ. ਸਾਧੂ ਬਿਨਿੰਗ, ਐਮ.ਐਲ.ਏ. ਮਨਦੀਪ ਸਿੰਘ ਧਾਲੀਵਾਲ ਅਤੇ ਮੇਅਰ ਉਮੀਦਵਾਰ ਹੋਨਵੀਰ ਰੰਧਾਵਾ ਨੇ ਗ਼ਦਰੀ ਬਾਬਿਆਂ ਵੱਲੋਂ ਭਾਰਤ ਦੀ ਆਜ਼ਾਦੀ ਪ੍ਰਤੀ ਜਜ਼ਬੇ ਅਤੇ ਕੁਰਬਾਨੀਆਂ ਨੂੰ ਯਾਦ ਕਰਦਿਆਂ ਕਿਹਾ ਕਿ ਉਹਨਾਂ ਸਦਕਾ ਹੀ ਅੱਜ ਪੰਜਾਬੀ ਭਾਈਚਾਰਾ ਕੈਨੇਡਾ ਵਿਚ ਮਾਣਮੱਤਾ ਜੀਵਨ ਜਿਉਂ ਰਿਹਾ ਹੈ।

ਇਸ ਮੌਕੇ ਡਾ. ਹਾਕਮ ਭੁੱਲਰ, ਸੋਹਣ ਸਿੰਘ ਪੂਨੀ, ਕਾਮਰੇਡ ਚਿਰੰਜੀ ਲਾਲ, ਪਰਮਿੰਦਰ ਸਵੈਚ ਅਤੇ ਸਤਿੰਦਰਪਾਲ ਸਿੰਘ ਸਿੱਧਵਾਂ (ਟੋਰਾਂਟੋ) ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।

ਮੇਲੇ ਵਿੱਚ ਕੌਂਸਲਰ ਉਮੀਦਵਾਰ ਰਿੱਕੀ ਬਾਜਵਾ, ਮਨਦੀਪ ਨਾਗਰਾ, ਮੀਰਾ ਗਿੱਲ, ਡੱਗ ਐਲਫਰਡ, ਸੁਹਾਨਾ ਗਿੱਲ, ਆਸ਼ੀਆਨਾ ਹਨੀਫ, ਪਰਮਿੰਦਰ ਚੌਹਾਨ, ਗਗਨ ਨਾਹਲ, ਕੌਂਸਲਰ ਲਿੰਡਾ ਐਨਿਸ, ਸੁਖਵਿੰਦਰਪਾਲ ਸਿੰਘ, ਇੰਗਲੈਂਡ ਤੋਂ ਸਮਾਜ ਸੇਵੀ ਮੰਗਤ ਸਿੰਘ ਪਲਾਹੀ, ਕੁੰਦਨ ਸਿੰਘ ਰਾਣਾ, ਅਜਮੇਰ ਸਿੰਘ ਢਿੱਲੋਂ, ਅੰਮ੍ਰਿਤਪਾਲ ਢੋਟ, ਗਿਆਨੀ ਨਰਿੰਦਰ ਸਿੰਘ, ਪ੍ਰੀਤਮ ਸਿੰਘ ਭਰੋਵਾਲ, ਸੁਰਜੀਤ ਸਿੰਘ ਮਾਧੋਪੁਰੀ, ਪਰਮਿੰਦਰ ਸਵੈਚ, ਗੈਰੀ ਥਿੰਦ, ਅੰਗਰੇਜ਼ ਬਰਾੜ, ਸੀ.ਜੇ. ਸਿੱਧੂ, ਮਹੇਸ਼ਇੰਦਰ ਸਿੰਘ ਮਾਂਗਟ, ਜੋਗਿੰਦਰ ਸਿੰਘ, ਜਰਨੈਲ ਸਿੰਘ ਖੰਡੋਲੀ, ਨਵਪ੍ਰੀਤ ਸਿੰਘ ਰੰਗੀ ਅਤੇ ਦੇਸ ਪ੍ਰਦੇਸ ਟਾਈਮਜ਼ ਦੇ ਸੰਪਾਦਕ ਸੁਖਵਿੰਦਰ ਸਿੰਘ ਚੋਹਲਾ ਸਮੇਤ ਕਈ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਿਰਕਤ ਕੀਤੀ।

ਮੇਲੇ ਦੇ ਪ੍ਰਬੰਧਕ ਸਾਹਿਬ ਸਿੰਘ ਥਿੰਦ, ਗੁਰਬਾਜ ਸਿੰਘ ਬਰਾੜ, ਕਿਰਨਪਾਲ ਸਿੰਘ ਗਰੇਵਾਲ, ਰਮਿੰਦਰ ਧਾਮੀ, ਸੰਦੀਪ ਤੂਰ, ਸੁਖਬੀਰ ਬੀਹਲਾ ਅਤੇ ਜਸਪਾਲ ਥਿੰਦ ਨੇ ਸਮੂਹ ਸਹਿਯੋਗੀਆਂ, ਕਲਾਕਾਰਾਂ ਅਤੇ ਹਾਜ਼ਰੀਨ ਦਾ ਧੰਨਵਾਦ ਪ੍ਰਗਟ ਕੀਤਾ। ਇਸ ਮੌਕੇ ਪ੍ਰਸਿੱਧ ਸੰਗੀਤਕਾਰ ਤੇਜਵੰਤ ਕਿੱਟੂ ਨੇ ਅਗਲੇ ਸਾਲ ਤੋਂ ਮੇਲੇ ਵਿੱਚ ਸੰਗੀਤਕ ਮੁਕਾਬਲੇ ਸ਼ੁਰੂ ਕਰਨ ਦਾ ਸੁਝਾਅ ਦਿੰਦਿਆਂ ਹਰ ਸੰਭਵ ਸਹਿਯੋਗ ਦਾ ਐਲਾਨ ਕੀਤਾ।

ਮੇਲੇ ਵਿੱਚ ਵੱਖ-ਵੱਖ ਸਮਾਜਿਕ, ਸਾਹਿਤਕ ਅਤੇ ਵਪਾਰਕ ਸਟਾਲਾਂ ਨੇ ਵੀ ਲੋਕਾਂ ਦਾ ਖੂਬ ਧਿਆਨ ਖਿੱਚਿਆ। ਗੁਲਾਟੀ ਪਬਲਿਸ਼ਰ ਵੱਲੋਂ ਲਾਈ ਗਈ ਪੁਸਤਕ ਪ੍ਰਦਰਸ਼ਨੀ ਵਿਸ਼ੇਸ਼ ਆਕਰਸ਼ਣ ਦਾ ਕੇਂਦਰ ਰਹੀ, ਜਿੱਥੇ ਨਾਮਵਰ ਸ਼ਾਇਰ ਜਸਵਿੰਦਰ, ਹਰਦਮ ਮਾਨ, ਜਸਵੀਰ ਸਿੰਘ ਭਲੂਰੀਆ ਅਤੇ ਪ੍ਰੋ. ਅਮਰਜੀਤ ਭੁੱਲਰ ਨੇ ਲੋਕਾਂ ਨੂੰ ਪੁਸਤਕਾਂ ਪੜ੍ਹਨ ਲਈ ਪ੍ਰੇਰਿਆ।

## ਪੁਸਤਕ "ਸਾਚੀ ਸਾਖੀ ਦਾ ਅਸਲੀ ਸੱਚ" ਵਿਚਾਰ-ਚਰਚਾ 'ਤੇ ਸਨਮਾਨ ਸਮਾਂਰੋਹ 10 ਅਗਸਤ ਨੂੰ

ਵਰਲਡ ਪੰਜਾਬੀ ਟਾਈਮਜ਼ – ਗੁਰਨਾਮ ਸਿੰਘ




ਸੰਗਰੂਰ 6 ਅਗਸਤ : ਪੰਜਾਬੀ ਸਾਹਿਤ ਸਭਾ ਸੰਗਰੂਰ ਵੱਲੋਂ ਆਪਣੀਆਂ ਸ਼ਾਨਦਾਰ ਰਵਾਇਤਾਂ ਨੂੰ ਅੱਗੇ ਤੋਰਦੇ ਹੋਏ ਪੰਜ ਪੁਸਤਕਾਂ ਦੇ ਰਚਾਇਤਾ ਸੂਖਮ ਕਵੀ ਏ. ਪੀ. ਸਿੰਘ ਦੇ ਜਨਮ ਦਿਨ ਦੇ ਅਵਸਰ ਤੇ ਅਜਾਦੀ ਦਿਹਾੜੇ ਨੂੰ ਸਮਰਪਿਤ ਪੁਸਤਕ ਚਰਚਾ ਅਤੇ ਸਨਮਾਨ ਸਮਾਰੋਹ ਦਾ ਆਯੋਜਨ 10 ਅਗਸਤ 2026 ਦਿਨ ਸੋਮਵਾਰ ਨੂੰ ਸੈਨਿਕ ਭਵਨ ਨੇੜੇ ਮੁੱਖ ਡਾਕਘਰ ਸੰਗਰੂਰ ਵਿਖੇ 10.30 ਵਜੇ ਸਵੇਰੇ ਕੀਤਾ ਜਾ ਰਿਹਾ ਹੈ। ਸਭਾ ਦੇ ਜਨਰਲ ਸਕੱਤਰ ਗੁਰਨਾਮ ਸਿੰਘ ਨੇ ਪ੍ਰੈਸ ਨੋਟ ਜਾਰੀ ਕਰਦੇ ਹੋਏ ਦੱਸਿਆ ਕਿ ਡਾ ਭਗਵੰਤ ਸਿੰਘ ਤੇ ਸੰਦੀਪ ਸਿੰਘ ਦੁਆਰਾ ਸੰਪਾਦਤ ਪੁਸਤਕ "ਸਾਚੀ ਸਾਖੀ ਦਾ ਅਸਲੀ ਸੱਚ" ਉਪਰ ਗੰਭੀਰਤਾ ਸਹਿਤ ਵਿਚਾਰ ਕੀਤੀ ਜਾਵੇਗੀ।ਪ੍ਰੋ. ਨਰਵਿਦੰਰ ਸਿੰਘ ਕੌਸਲ ਸਾਬਕਾ ਡੀਨ ਮੁੱਖ ਬੁਲਾਰੇ ਹੋਣਗੇ ਜਦਕਿ ਉਘੇ ਚਿੰਤਕ ਤੇਜਾ ਸਿੰਘ ਤਿਲਕ ਪੇਪਰ ਪੜਨਗੇ. ਉਨ੍ਹਾ ਹੋਰ ਦੱਸਿਆ ਕਿ ਇਹ ਪੁਸਤਕ ਸਿਰਦਾਰ ਕਪੂਰ ਸਿੰਘ ਦੀ ਬਹੁਚਰਚਿਤ ਪੁਸਤਕ "ਸਾਚੀ ਸਾਖੀ" ਦਾ ਅਜੋਕੇ ਪ੍ਰਸੰਗ ਵਿੱਚ ਵਿਸਲੇਸਣ ਕਰਦੀ ਹੈ, ਜਿਸ ਵਿੱਚ ਦੋ ਦਰਜਨ ਦੇ ਕਰੀਬ ਵਿਦਵਾਨਾ ਦੇ ਲੇਖ ਸਾਮਲ ਹਨ। ਇਸ ਪੁਸਤਕ ਵਿੱਚ "ਸਾਚੀ ਸਾਖੀ" ਦਾ ਮੂਲ ਪਾਠ, ਵੀ ਦਿੱਤਾ ਗਿਆ ਹੈ। ਇਸਦੇ ਨਾਲ ਰਾਜਾਂ ਨੂੰ ਵੱਧ ਅਧਿਕਾਰਾ ਦੀ ਮੰਗ ਕਰਦੇ ਆਨੰਦਪੁਰ ਸਾਹਿਬ ਦੇ ਮਤੇ ਦੇ ਮੂਲ ਖਰੜੇ ਦੀ ਕਾਪੀ ਤੇ ਅਨੇਕਾਂ ਦੁਰਲੱਭ ਦਸਤਾਵੇਜ਼ ਸਾਮਲ ਕੀਤੇ ਗਏ ਹਨ। ਇਹ ਪੁਸਤਕ ਸਿਰਦਾਰ ਕਪੂਰ ਸਿੰਘ ਦੀ ਵਿਚਾਰਧਾਰਾ ਦਾ ਸਹੀ ਵਿਸ਼ਲੇਸਣ ਕਰਦੀ ਹੈ।

ਸਮਾਗਮ ਵਿੱਚ ਸੁਖਦੇਵ ਔਲਖ, ਦਰਬਾਰਾ ਸਿੰਘ ਢੀਂਡਸਾ, ਸੁਰਿੰਦਰਪਾਲ ਸਿੰਘ ਸਿਦਕੀ, ਬਾਬਾ ਪਿਆਰਾ ਸਿੰਘ, ਬਬੀਤਾ ਪਟਿਆਲ, ਕੈਪਟਨ ਹਰਕੇਸ ਸਿੰਘ ਦਾ ਸਨਮਾਨ ਕੀਤਾ ਜਾਵੇਗਾ ਇਨਾ ਸ਼ਖਸੀਅਤਾ ਨੇ ਵੱਖੋ ਵੱਖਰੇ ਖੇਤਰ ਵਿੱਚ ਵੱਡਾ ਯੋਗਦਾਨ ਪਾਇਆ ਹੈ। ਡਾ ਤੇਜਵੰਤ ਮਾਨ ਸਹਿਤ ਰਤਨ ਦੇ ਆਸੀਰਵਾਦ ਨਾਲ ਇਸ ਸਮਾਗਮ ਦੀ ਪ੍ਰਧਾਨਗੀ ਜਗਦੀਪ ਸਿੰਘ ਗੰਧਾਰਾ ਐਡਵੋਕੇਟ ਕਰਨਗੇ, ਮੁੱਖ ਮਹਿਮਾਨ ਡਾ ਸਵਰਾਜ ਸਿੰਘ ਵਿਸਵ ਚਿੰਤਕ, ਵਿਸੇਸ ਮਹਿਮਾਨ ਅਨੋਖ ਸਿੰਘ ਵਿਰਕ, ਜੋਗਿੰਦਰ ਕੌਰ ਅਗਨੀਹੋਤਰੀ ਹੋਣਗੇ, ਦਾਰਸ਼ਨਿਕ ਵਿਚਾਰ ਸ੍ਰੀ 108 ਡਾ ਈਸਵਰਦਾਸ ਸਿੰਘ ਮਹਾਂਮੰਡਲੇਸ਼ਵਰ, ਨਿਰਮਲ ਪੰਚਾਇਤੀ ਅਖਾੜਾ ਕਨਖਲ ਹਰਿਦੁਆਰ ਪ੍ਰਗਟ ਕਰਨਗੇ. ਇਸ ਸਮੇ ਹਾਜਰ ਕਵੀ ਕਲਾਮ ਪੇਸ਼ ਕਰਨਗੇ ਅਤੇ ਏ. ਪੀ. ਸਿੰਘ ਸੁਹਜਮਈ ਆਵਾਜ਼ ਵਿੱਚ ਗਾਇਨ ਕਰਨਗੇ।

## ਪੀ.ਏ.ਯੂ. ਨੇ ਨਰਮੇ ਦੇ ਪੱਤਾ ਮਰੋੜ ਰੋਗ ਦੀ ਰੋਕਥਾਮ ਤਕਨਾਲੋਜੀ ਦੇ ਪਸਾਰ ਲਈ ਮਹਾਂਰਾਸ਼ਟਰ ਦੀ ਕੰਪਨੀ ਨਾਲ ਸੰਧੀ ਕੀਤੀ

ਵਰਲਡ ਪੰਜਾਬੀ ਟਾਈਮਜ਼



ਲੁਧਿਆਣਾ 6 ਅਗਸਤ : ਪੀ.ਏ.ਯੂ. ਨੇ ਮਹਾਂਰਾਸ਼ਟਰ ਸਥਿਤ ਕੰਪਨੀ ਮਾਹੀਕੋ ਪ੍ਰਾਈਵੇਟ ਲਿਮਿਟਡ ਨਾਲ ਨਰਮੇ ਦੀ ਪੱਤਾ ਮਰੋੜ ਬਿਮਾਰੀ ਦੀ ਰੋਕਥਾਮ ਕਰਨ ਵਾਲੀ ਤਕਨਾਲੋਜੀ ਪੀ.ਏ.ਯੂ. ਆਰਮਰ-1 ਦੇ ਪਸਾਰ ਲਈ ਸਮਝੌਤਾ ਕੀਤਾ ਹੈ| ਨਿਰਦੇਸ਼ਕ ਖੋਜ ਡਾ. ਅਜਮੇਰ ਸਿੰਘ ਢੱਟ ਨੇ ਯੂਨੀਵਰਸਿਟੀ ਦੀ ਤਰਫੋਂ ਅਤੇ ਡਾ. ਚੇਤਨ ਚਾਵੜਾ ਨੇ ਸੰਬੰਧਿਤ ਕੰਪਨੀ ਵੱਲੋਂ ਸਮਝੌਤੇ ਦੀਆਂ ਸ਼ਰਤਾਂ ਉੱਪਰ ਹਸਤਾਖਰ ਕੀਤੇ| ਇਸ ਮੌਕੇ ਖੇਤੀਬਾੜੀ ਅਤੇ ਬਾਗਬਾਨੀ ਬਾਰੇ ਵਧੀਕ ਨਿਰਦੇਸ਼ਕ ਖੋਜ ਡਾ. ਵਰਿੰਦਰ ਸਿੰਘ ਸੋਹੂ ਅਤੇ ਖੇਤੀ ਇੰਜਨੀਅਰਿੰਗ ਬਾਰੇ ਡਾ. ਮਹੇਸ਼ ਕੁਮਾਰ ਤੋਂ ਇਲਾਵਾ ਡਾ. ਖੁਸ਼ਦੀਪ ਸਿੰਘ ਧਰਨੀ ਅਤੇ ਖੇਤਰੀ ਖੋਜ ਫਰੀਦਕੋਟ ਦੇ ਨਿਰਦੇਸ਼ਕ ਡਾ. ਕੁਲਦੀਪ ਸਿੰਘ ਵੀ ਮੌਜੂਦ ਰਹੇ| ਡਾ. ਢੱਟ ਨੇ ਪੀ.ਏ.ਯੂ. ਦੇ ਵਿਗਿਆਨੀਆਂ ਨੂੰ ਇਸ ਤਕਨਾਲੋਜੀ ਦੇ ਪਸਾਰ ਲਈ ਵਧਾਈ ਦਿੰਦਿਆਂ ਦੋਵਾਂ ਧਿਰਾਂ ਵਿਚਕਾਰ ਸਮਝੌਤੇ ਦਾ ਸਵਾਗਤ ਕੀਤਾ|

ਪ੍ਰਮੁੱਖ ਨਰਮਾ ਬਰੀਡਰ ਡਾ. ਧਰਮਿੰਦਰ ਪਾਠਕ ਨੇ ਦੱਸਿਆ ਕਿ ਉੱਤਰ ਭਾਰਤ ਵਿਚ ਅਮਰੀਕਨ ਨਰਮੇ ਹੇਠ ਆਉਣ ਵਾਲੇ ਰਾਜਾਂ ਵਿਸ਼ੇਸ਼ ਤੌਰ ਤੇ ਪੰਜਾਬ, ਹਰਿਆਣਾ ਅਤੇ ਰਾਜਸਥਾਨ ਵਿਚ ਨਰਮੇ ਦੀ ਪੱਤਾ ਮਰੋੜ ਬਿਮਾਰੀ ਵੱਡੀ ਸਮੱਸਿਆ ਹੈ| ਇਸਦਾ ਕਾਰਨ ਚਿੱਟੀ ਮੱਖੀ ਵੱਲੋਂ ਰੂਪਾਂਤਰਿਤ ਵਿਸ਼ਾਣੂੰ ਹਨ| ਇਸ ਬਿਮਾਰੀ ਕਾਰਨ ਨਰਮੇ ਦੀ ਫਸਲ ਨੂੰ ਝਾੜ ਪੱਖੋਂ ਕਾਫੀ ਨੁਕਸਾਨ ਹੁੰਦਾ ਹੈ| ਵਿਸ਼ੇਸ਼ ਤੌਰ ਤੇ ਫਸਲ ਦੇ ਮੁੱਢਲੇ ਪੜਾਅ ਤੇ ਵਿਕਾਸ ਵੀ ਪ੍ਰਭਾਵਿਤ ਹੁੰਦਾ ਰਿਹਾ ਹੈ| ਪੀ.ਏ.ਯੂ. ਨੇ ਇਸਦੀ ਰੋਕਥਾਮ ਲਈ ਪੀ.ਏ.ਯੂ. ਆਰਮਰ-1 ਤਕਨਾਲੋਜੀ ਵਿਕਸਿਤ ਕੀਤੀ| ਉਹਨਾਂ ਇਹ ਵੀ ਕਿਹਾ ਕਿ ਮੌਜੂਦਾ ਸਮੇਂ ਨਰਮੇ ਦੇ ਪੱਤਾ ਮਰੋੜ ਰੋਗ ਦੀ ਅਸਰਦਾਰ ਰੋਕਥਾਮ ਲਈ ਇਹੋ ਇਕ ਮਾਤਰ ਬਦਲ ਨਜ਼ਰ ਆਉਂਦਾ ਹੈ|

